**16ਵੀਂ ਵਿਧਾਨ ਸਭਾ**
**ਦਸਵਾਂ (ਵਿਸ਼ੇਸ਼) ਸਮਾਗਮ, 2025**

# ਪੰਜਾਬ ਵਿਧਾਨ ਸਭਾ

## ਕਾਰਜ-ਸੂਚੀ

**ਸੋਮਵਾਰ, 24 ਨਵੰਬਰ, 2025**
**1.00 ਵਜੇ ਬਾਅਦ ਦੁਪਹਿਰ**

.........

1. **ਮਾਣਯੋਗ ਸਪੀਕਰ/ ਸਕੱਤਰ ਦੁਆਰਾ ਐਲਾਨ**

2. **ਨਿਯਮ 16 ਅਧੀਨ ਪ੍ਰਸਤਾਵ**

**ਇੱਕ ਮੰਤਰੀ** ਪ੍ਰਸਤਾਵ ਕਰਨਗੇ ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ ।

3. **ਸਰਕਾਰੀ ਮਤਾ**

**ਇੱਕ ਮੰਤਰੀ ਪ੍ਰਸਤਾਵ ਕਰਨਗੇ ਕਿ -**

" ਇਹ ਸਦਨ ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਸ਼ਹਾਦਤ ਦੇ 350ਵੇਂ ਵਰ੍ਹੇ ਦੇ ਇਤਿਹਾਸਕ ਮੌਕੇ ਤੇ ਮਹਾਨ ਸਿੱਖ ਗੁਰੂ ਪ੍ਰਤੀ ਆਪਣੀ ਡੂੰਘੀ ਸ਼ਰਧਾ ਅਤੇ ਸ਼ਰਧਾਂਜਲੀ ਭੇਂਟ ਕਰਦਾ ਹੈ ਅਤੇ ਸਤਿਕਾਰ, ਭਾਵਨਾ ਅਤੇ ਵਿਸ਼ਵਾਸ ਨਾਲ ਨਿਮਰਤਾ ਸਹਿਤ ਸੀਸ ਝੁਕਾਉਂਦਾ ਹੈ।

ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਨੇ ਕਸ਼ਮੀਰੀ ਪੰਡਿਤਾਂ ਦੇ ਧਰਮ ਦੀ ਆਜ਼ਾਦੀ ਨਾਲ ਪਾਲਣਾ ਕਰਨ ਦੇ ਅਧਿਕਾਰ ਦੀ ਰੱਖਿਆ ਕਰਦਿਆਂ ਆਪਣੀ ਜਾਨ ਕੁਰਬਾਨ ਕਰ ਦਿੱਤੀ ਅਤੇ ਧਾਰਮਿਕ ਆਜ਼ਾਦੀ, ਮਨੁੱਖੀ ਅਧਿਕਾਰਾਂ ਅਤੇ ਸਵੈਮਾਨ ਦੇ ਸਿਧਾਂਤਾਂ ਨੂੰ ਮਜ਼ਬੂਤੀ ਨਾਲ ਕਾਇਮ ਰੱਖਿਆ;

ਉਨ੍ਹਾਂ ਦੀ ਸਰਵਉੱਚ ਕੁਰਬਾਨੀ ਪੀੜ੍ਹੀਆਂ ਲਈ ਪ੍ਰੇਰਨਾ ਦਾ ਚਾਨਣ ਮੁਨਾਰਾ ਰਹੀ ਹੈ, ਜਿਸ ਨੇ ਸੂਰਬੀਰਤਾ, ਹਮਦਰਦੀ ਅਤੇ ਨਿਆਂ ਪ੍ਰਤੀ ਅਟੁੱਟ ਵਚਨਬੱਧਤਾ ਦੀਆਂ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕੀਤਾ ਹੈ;

ਪੰਜਾਬ ਦੇ ਲੋਕ, ਭਾਵੇਂ ਉਹ ਕਿਸੇ ਵੀ ਧਰਮ ਨਾਲ ਸਬੰਧਤ ਹੋਣ, ਉਹ ਗੁਰੂ ਜੀ ਦੀ ਅਮੀਰ ਅਧਿਆਤਮਿਕ ਵਿਰਾਸਤ ਦੇ ਖੇਤਰ ਵਿੱਚ ਪਾਏ ਵੱਡਮੁੱਲੇ ਯੋਗਦਾਨ ਤੇ ਅਤਿਅੰਤ ਮਾਣ ਮਹਿਸੂਸ ਕਰਦੇ ਹਨ;

ਇਸ ਲਈ ਇਹ ਸਦਨ ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਨੂੰ ਆਪਣੀ ਨਿਮਰ ਸ਼ਰਧਾਂਜਲੀ ਭੇਂਟ ਕਰਦਾ ਹੈ ਅਤੇ ਉਨ੍ਹਾਂ ਦੀ ਸ਼ਹੀਦੀ ਦੀ 350ਵੀਂ ਵਰ੍ਹੇਗੰਢ ਤੇ ਪੂਰੀ ਗੰਭੀਰਤਾ ਅਤੇ ਸਤਿਕਾਰ ਨਾਲ ਗੁਰੂ ਸਾਹਿਬ ਨੂੰ ਸਨਮਾਨ ਸਹਿਤ ਯਾਦ ਕਰਦਾ ਹੈ।

ਇਸ ਮੌਕੇ ਨੂੰ ਸਮਰਪਿਤ ਵੱਖ-ਵੱਖ ਸਮਾਗਮਾਂ ਅਤੇ ਪ੍ਰੋਗਰਾਮਾਂ ਦੇ ਆਯੋਜਨ ਲਈ ਪੰਜਾਬ ਸਰਕਾਰ ਦੇ ਯਤਨਾਂ ਦੀ ਸ਼ਲਾਘਾ ਕਰਦਾ ਹੈ, ਜਿਸ ਵਿੱਚ ਵਿਧਾਨ ਸਭਾ ਦੇ ਵਿਸ਼ੇਸ਼ ਸਮਾਗਮ ਦੇ ਨਾਲ-ਨਾਲ ਨਗਰ ਕੀਰਤਨ, ਕੀਰਤਨ ਦਰਬਾਰ ਅਤੇ ਗੁਰੂ ਸਾਹਿਬ ਦੇ ਜੀਵਨ ਅਤੇ ਵਿਰਾਸਤ ਨੂੰ ਸਮਰਪਿਤ ਲਾਈਟ ਐਂਡ ਸਾਊਂਡ ਸ਼ੋਅ/ਡਰੋਨ ਸ਼ੋਅ ਅਤੇ ਸਰਵ ਧਰਮ ਸੰਮੇਲਨ ਸ਼ਾਮਲ ਹਨ।

ਇਹ ਸਦਨ ਸਰਕਾਰ ਨੂੰ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੁਆਰਾ ਦਰਸਾਏ ਗਏ ਧਰਮ ਨਿਰਪੱਖਤਾ, ਵਿਸ਼ਵਵਿਆਪੀ ਭਾਈਚਾਰੇ ਅਤੇ ਮਨੁੱਖੀ ਅਧਿਕਾਰਾਂ ਦੇ ਮੁੱਲਾਂ ਦੇ ਸਿਧਾਤਾਂ ਨੂੰ ਉਤਸ਼ਾਹਿਤ ਕਰਨਾ ਜਾਰੀ ਰੱਖਣ ਦੀ ਅਪੀਲ ਕਰਦਾ ਹੈ।

ਇਹ ਸਦਨ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ ਤੋਂ ਪ੍ਰੇਰਨਾ ਲੈ ਕੇ ਪੰਜਾਬ ਦੇ ਲੋਕਾਂ ਦੀ ਭਲਾਈ ਅਤੇ ਖੁਸ਼ਹਾਲੀ, ਸਮਾਜ ਵਿੱਚ ਸ਼ਾਂਤੀ, ਸਹਿਣਸ਼ੀਲਤਾ ਅਤੇ ਸਦਭਾਵਨਾ ਨੂੰ ਉਤਸ਼ਾਹਿਤ ਕਰਨ ਲਈ ਕੰਮ ਕਰਨ ਦਾ ਸੰਕਲਪ ਕਰਦਾ ਹੈ।''

**ਚੰਡੀਗੜ੍ਹ**
**ਮਿਤੀ: 23 ਨਵੰਬਰ, 2025**

**ਰਾਮ ਲੋਕ ਖਟਾਣਾ**
**ਸਕੱਤਰ ।**
**ਪੰਜਾਬ ਵਿਧਾਨ ਸਭਾ**